# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-04-2026**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਸ਼ਾਮ ਆਪਣੇ ਸੰਸਦੀ ਹਲਕੇ ਵਾਰਾਣਸੀ ਪਹੁੰਚਣਗੇ ਅਤੇ ਮਹਿਲਾ ਸੰਮੇਲਨ ਵਿੱਚ ਹਿੱਸਾ ਲੈਣਗੇ। ਉਹ ਵਾਰਾਣਸੀ ਵਿੱਚ ਲਗਭਗ 6 ਹਜ਼ਾਰ 350 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਨਗੇ ਅਤੇ ਨੀਂਹ ਪੱਥਰ ਰੱਖਣਗੇ। ਉਹ ਇਸ ਮੌਕੇ ਇਕੱਠ ਨੂੰ ਵੀ ਸੰਬੋਧਨ ਕਰਨਗੇ, ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਦੀ ਮੌਜੂਦਗੀ ਦੇਖਣ ਨੂੰ ਮਿਲੇਗੀ। ਸਾਡੇ ਆਕਾਸ਼ਵਾਣੀ ਦੇ ਪੱਤਰਕਾਰ ਨੇ ਖ਼ਬਰ ਦਿੱਤੀ ਏ ਕਿ ਪ੍ਰਧਾਨ ਮੰਤਰੀ ਵਾਰਾਣਸੀ ਨਾਲ ਸਬੰਧਤ ਕਈ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਨਗੇ। ਅੱਜ ਸ਼ਾਮ ਵਾਰਾਣਸੀ ਦੇ ਬਨਾਰਸ ਲੋਕੋਮੋਟਿਵ ਵਰਕਸ (BLW) ਮੈਦਾਨ ਵਿੱਚ ਕਰਵਾਏ ਜਾ ਰਹੇ ਮਹਿਲਾ ਸੰਮੇਲਨ ਵਿੱਚ ਡਾਕਟਰ, ਸਮਾਜ ਸੇਵਕ ਤੇ ਘਰੇਲੂ ਔਰਤਾਂ ਸਮੇਤ ਵੱਖ-ਵੱਖ ਖੇਤਰਾਂ ਦੀਆਂ ਔਰਤਾਂ ਦੇ ਸ਼ਾਮਲ ਹੋਣ ਦੀ ਉਮੀਦ ਏ। ਇਸ ਮੌਕੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ, ਉੱਤਰ ਪ੍ਰਦੇਸ਼ ਦੀ ਰਾਜਪਾਲ

ਆਨੰਦੀਬੇਨ ਪਟੇਲ ਤੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਵੀ ਮੌਜੂਦ ਰਹਿਣਗੇ ।

---------------------------------------------------------

ਪੰਜਾਬ ਸਰਕਾਰ ਵਲੋਂ ਮੰਡੀਆਂ ਵਿੱਚ ਕੀਤੇ ਗਏ ਪੁਖ਼ਤਾ ਪ੍ਰਬੰਧਾਂ ਸਦਕਾ ਕਣਕ ਦੀ ਆਮਦ ਤੇ ਖਰੀਦ 100 ਲੱਖ ਮੀਟਰਕ ਟਨ ਦੇ ਅੰਕੜੇ ਨੂੰ ਪਾਰ ਕਰ ਗਏ ਨੇ । ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਵਿਭਾਗ ਵੱਲੋਂ ਸੂਬੇ ਭਰ ਦੀਆਂ ਮੰਡੀਆਂ ਵਿੱਚ ਬਾਰਦਾਨਾ, ਪੀਣ ਵਾਲੇ ਸਾਫ਼ ਪਾਣੀ ਦੇ ਨਾਲ-ਨਾਲ ਸਾਫ਼ ਸਫਾਈ ਸਬੰਧੀ ਚੰਗੇ ਪ੍ਰਬੰਧ ਕੀਤੇ ਗਏ ਨੇ, ਜਿਸ ਸਦਕਾ ਕਣਕ ਦੀ ਆਮਦ, ਖਰੀਦ ਅਤੇ ਲਿਫਟਿੰਗ ਵਿੱਚ ਤੇਜ਼ੀ ਆਈ ਅਤੇ ਸਮੇਂ ਸਿਰ ਭੁਗਤਾਨ ਯਕੀਨੀ ਬਣਾਇਆ ਗਿਆ ਏ, ਜਿਸ ਨਾਲ ਕਿਸਾਨ, ਆੜ੍ਹਤੀਏ ਜਾਂ ਮਜ਼ਦੂਰਾਂ ਸਮੇਤ ਸਾਰੇ ਭਾਈਵਾਲਾਂ ਦੇ ਹਿੱਤਾਂ ਦੀ ਰੱਖਿਆ ਕੀਤੀ ਗਈ ਏ । ਇਸ ਤੋਂ ਇਲਾਵਾ 48 ਘੰਟਿਆਂ ਦੇ ਅੰਦਰ-ਅੰਦਰ ਖਰੀਦੀ ਗਈ ਕਣਕ ਲਈ 21 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਕਿਸਾਨਾਂ ਦੇ ਖਾਤਿਆਂ ਵਿੱਚ ਟਰਾਂਸਫ਼ਰ ਕਰ ਦਿੱਤੀ ਗਈ ਏ ।

---------------------------------------------------------

ਪਟਿਆਲਾ ਜ਼ਿਲ੍ਹੇ ਵਿੱਚ ਰਾਜਪੁਰਾ–ਸ਼ੰਭੂ ਰੇਲਵੇ ਟਰੈਕ ‘ਤੇ ਸੋਮਵਾਰ ਦੇਰ ਰਾਤ ਇੱਕ ਧਮਾਕਾ ਹੋਇਆ, ਜਿਸ ਕਾਰਨ ਇੱਕ ਵਿਅਕਤੀ ਦੀ ਮੌਤ ਹੋ

ਗਈ, ਜਿਸ ਦੀ ਪਛਾਣ ਤਰਨ ਤਾਰਨ ਦੇ ਜਗਰੂਪ ਸਿੰਘ ਵਜੋਂ ਕੀਤੀ ਗਈ ਏ। ਇਹ ਧਮਾਕਾ ਰਾਤ ਕਰੀਬ 10 ਵਜੇ ਬਠੋਨੀਆ ਪਿੰਡ ਦੇ ਨੇੜੇ ਹੋਇਆ। ਘਟਨਾ ਦੀ ਜਾਣਕਾਰੀ ਮਿਲਦੇ ਹੀ ਡੀ.ਆਈ.ਜੀ. ਕੁਲਦੀਪ ਸਿੰਘ ਚਾਹਲ ਤੇ ਐੱਸ.ਐੱਸ.ਪੀ. ਵਰੁਣ ਸ਼ਰਮਾ ਤੁਰੰਤ ਮੌਕੇ 'ਤੇ ਪਹੁੰਚੇ। ਪੁਲਿਸ ਟੀਮਾਂ ਨੇ ਮੌਕੇ ਤੋਂ ਕੁਝ ਮਹੱਤਵਪੂਰਨ ਸਬੂਤ ਇਕੱਠੇ ਕੀਤੇ ਨੇ, ਜਿਨ੍ਹਾਂ ਵਿੱਚ ਤਾਰਾਂ, ਸ਼ੱਕੀ ਵਿਸਫੋਟਕ ਸਮੱਗਰੀ, ਦੋ ਮੋਟਰਸਾਈਕਲਾਂ ਅਤੇ ਇੱਕ ਨੁਕਸਾਨੀ ਮੋਬਾਈਲ ਫੋਨ ਸ਼ਾਮਲ ਨੇ, ਜਿਨਾਂ ਨੂੰ ਫੋਰੈਂਸਿਕ ਜਾਂਚ ਲਈ ਭੇਜਿਆ ਗਿਆ ਏ। ਘਟਨਾ ਤੋਂ ਬਾਅਦ ਰੇਲਵੇ ਦੀ ਵਿਸ਼ੇਸ਼ ਡੀਜੀਪੀ ਸ਼ਸ਼ੀ ਪ੍ਰਭਾ ਦਿਵੇਦੀ ਨੇ ਵੀ ਮੌਕੇ ਦਾ ਦੌਰਾ ਕੀਤਾ ਜਿਸ ਦੌਰਾਨ ਓਹਨਾ ਦਸਿਆ ਕਿ ਰੇਲਵੇ ਪੁਲੀਸ ਪਟਿਆਲਾ ਪੁਲਿਸ ਨਾਲ ਮਿਲਕੇ ਆਸ ਪਾਸ ਦੇ cctv ਦੀ ਘੋਖ ਕਰ ਰਹੀ ਏ

----------------------------------------------------------

ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਏ ਕਿ ਪੋਟਾਸ਼ ਦੀ ਖੋਜ ਉਪਰੰਤ ਹੁਣ ਪੰਜਾਬ ਵਿੱਚ ਕੁਦਰਤੀ ਗੈਸ ਅਤੇ ਤੇਲ ਭੰਡਾਰਾਂ ਦੀਆਂ ਵੱਡੀਆਂ ਸੰਭਾਵਨਾਵਾਂ ਨੇ ਅਤੇ ਸੂਬਾ ਸਰਕਾਰ ਵੱਲੋਂ ਇਸ ਪਾਸੇ ਧਿਆਨ ਕੇਂਦਰਤ ਕੀਤਾ ਜਾ ਰਿਹਾ ਏ। ਭਾਰਤ ਸਰਕਾਰ ਦੇ ਪੈਟਰੋਲੀਅਮ ਤੇ ਕੁਦਰਤੀ ਗੈਸ ਮੰਤਰਾਲੇ ਅਧੀਨ ਡਾਇਰੈਕਟਰ ਜਨਰਲ ਆਫ਼ ਹਾਈਡ੍ਰੋਕਾਰਬਨ (ਡੀ.ਜੀ.ਐਚ) ਅਤੇ

ਆਇਲ ਇੰਡੀਆ ਲਿਮਟਿਡ (ਓ.ਆਈ.ਐਲ) ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸੂਬੇ ਵਿੱਚ ਹਾਈਡ੍ਰੋਕਾਰਬਨ ਸਰੋਤਾਂ ਦੀ ਖੋਜ ਸਬੰਧੀ ਸੰਭਾਵਨਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਅਤੇ ਵਿਸਥਾਰਿਤ ਪੇਸ਼ਕਾਰੀ ਦਿੱਤੀ ਗਈ। ਅਧਿਕਾਰੀਆਂ ਨੇ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਕਿ ਕੁਦਰਤੀ ਤੇਲ ਅਤੇ ਗੈਸ ਭੰਡਾਰਾਂ ਦੀ ਖੋਜ ਲਈ ਇਕ 2ਡੀ ਸਿਸਮਿਕ ਸਰਵੇਖਣ ਕੀਤਾ ਜਾਵੇਗਾ। ਅਧਿਕਾਰੀਆਂ ਨੇ ਦੱਸਿਆ ਕਿ ਭਾਰਤ ਸਰਕਾਰ ਦੀ ਉੱਚ-ਪੱਧਰੀ ਵਿਗਿਆਨਕ ਸਲਾਹਕਾਰ ਖੋਜ ਕਮੇਟੀ ਵੱਲੋਂ ਦੇਸ਼ ਭਰ ਦੇ ਉਨ੍ਹਾਂ ਅਣ-ਪਛਾਤੇ ਖੇਤਰਾਂ ਵਿੱਚ ਵਿਆਪਕ ਸਰਵੇਖਣ ਦੀ ਸਿਫਾਰਸ਼ ਕੀਤੀ ਗਈ ਏ , ਜਿੱਥੇ ਖਣਿਜਾਂ ਅਤੇ ਪੈਟਰੋਲੀਅਮ ਭੰਡਾਰਾਂ ਸਬੰਧੀ ਹਾਲੇ ਤੱਕ ਕੋਈ ਖੋਜ ਨਹੀਂ ਕੀਤੀ ਗਈ।

-----------------------------------------------------------

ਸ੍ਰੀ ਮੁਕਤਸਰ ਸਾਹਿਬ ਵਿਖੇ ਮਰਦਮਸ਼ੁਮਾਰੀ 2027 ਸੰਬੰਧੀ ਗਿਣਤੀਕਾਰਾਂ ਤੇ ਸੁਪਰਵਾਈਜ਼ਰ ਦੀ ਤਿੰਨ ਰੋਜਾ ਸਿਖਲਾਈ ਬਾਵਾ ਨਿਹਾਲ ਸਿੰਘ ਬੀ.ਐਡ ਕਾਲਜ ਵਿਖੇ ਸਮਾਪਤ ਹੋ ਗਈ ਏ। ਇਸ ਸੰਬੰਧੀ ਉਪ ਮੰਡਲ ਮੈਜਿਸਟਰੇਟ, ਗੁਰਕਿਰਨਦੀਪ ਸਿੰਘ ਸਿੱਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਦੀ ਇਹ ਪਹਿਲੀ ਮਰਦਮਸ਼ੁਮਾਰੀ ਏ , ਜਿਸ ਵਿੱਚ ਮਰਦਮਸ਼ੁਮਾਰੀ ਦਾ ਡਾਟਾ ਇਕੱਠਾ ਕਰਨ ਦਾ ਕੰਮ

ਡਿਜੀਟਲ ਸਾਧਨਾ ਰਾਹੀਂ ਕੀਤਾ ਜਾਣਾ ਏ । ਉਹਨਾਂ ਇਹ ਵੀ ਦੱਸਿਆ ਕਿ ਇਸ ਸਿਖਲਾਈ ਬੈਚ ਵਾਂਗ ਹੀ 2 ਮਈ ਤੱਕ ਹੋਰ ਬੈਚ ਵੀ ਚਲਣਗੇ । ਇਸ ਦੌਰਾਨ ਗਿਣਤੀਕਾਰਾਂ ਅਤੇ ਸੁਪਰਵਾਈਜ਼ਰ ਨੇ ਟਰੈਨਰਾ ਤੋਂ ਸਵਾਲ ਜੁਆਬ ਪੁੱਛ ਕੇ ਮਰਦਮਸ਼ੁਮਾਰੀ ਸੰਬੰਧੀ ਆਪਣੇ ਸਾਰੇ ਸ਼ੰਕੇ ਦੂਰ ਕੀਤੇ ।

---------------------------------------------------------------

ਹੁਸ਼ਿਆਰਪੁਰ,ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਕਾਂਗੜਾ ਦੇ ਡਿਪਟੀ ਕਮਿਸ਼ਨਰ ਨੂੰ ਪੱਤਰ ਲਿਖ ਕੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਰਹੱਦੀ ਪਿੰਡਾਂ ਨੂੰ ਹੜ੍ਹ ਦੇ ਖਤਰੇ ਤੋਂ ਬਚਾਉਣ ਲਈ ਹਿਮਾਚਲ ਪ੍ਰਦੇਸ਼ ਦੀ ਸੀਮਾ ਵਿੱਚ ਸਥਿਤ ਨੁਕਸਾਨਗ੍ਰਸਤ ਤਟਬੰਧ (ਐਂਬੈਂਕਮੈਂਟ) ਦੀ ਤੁਰੰਤ ਮੁਰੰਮਤ ਕਰਨ ਦੀ ਅਪੀਲ ਕੀਤੀ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਸ਼ਿਆਰਪੁਰ ਡਰੇਨੇਜ ਡਿਵੀਜ਼ਨ ਦੀ ਰਿਪੋਰਟ ਅਨੁਸਾਰ ਤਹਿਸੀਲ ਮੁਕੇਰੀਆਂ ਦੇ ਪਿੰਡ ਮੋਤਲਾ ਸਾਹਮਣੇ ਇੱਕ ਤਟਬੰਧ ਬਣਾਇਆ ਗਿਆ ਏ , ਜਿਸ ਦਾ ਉਦੇਸ਼ ਪਿੰਡ ਮੋਤਲਾ ਤੇ ਨੇੜਲੇ ਇਲਾਕਿਆਂ ਨੂੰ ਹੜ੍ਹ ਤੋਂ ਬਚਾਉਣਾ ਏ । ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਾਂਗੜਾ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਏ ਕਿ ਸਬੰਧਿਤ ਵਿਭਾਗ ਨੂੰ ਤੁਰੰਤ ਜ਼ਰੂਰੀ ਹੁਕਮ ਜਾਰੀ ਕਰਕੇ ਤਟਬੰਧ ਦੀ ਮੁਰੰਮਤ ਦਾ ਕੰਮ ਜਲਦੀ ਤੋਂ ਜਲਦੀ ਮੁਕੰਮਲ ਕਰਵਾਇਆ ਜਾਵੇ ਤਾਂ ਜੋ ਆਉਣ ਵਾਲੇ

ਮਾਨਸੂਨ ਮੌਸਮ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡਾਂ ਨੂੰ ਸੰਭਾਵਿਤ ਹੜ੍ਹਾਂ ਅਤੇ ਨੁਕਸਾਨ ਤੋਂ ਬਚਾਇਆ ਜਾ ਸਕੇ ।

--------------------------------------------------------------------------------